**ਪਉੜੀ ॥ ਅੰਮ੍ਰਿਤੁ ਨਾਮੁ ਨਿਧਾਨੁ ਹੈ ਮਿਲਿ ਪੀਵਹੁ ਭਾਈ ॥ ਜਿਸੁ ਸਿਮਰਤ ਸੁਖੁ ਪਾਈਐ ਸਭ ਤਿਖਾ ਬੁਝਾਈ ॥ ਕਰਿ ਸੇਵਾ ਪਾਰਬ੍ਰਹਮ ਗੁਰ ਭੁਖ ਰਹੈ ਨ ਕਾਈ ॥ ਸਗਲ ਮਨੋਰਥ ਪੁੰਨਿਆ ਅਮਰਾ ਪਦੁ ਪਾਈ ॥ ਤੁਧੁ ਜੇਵਡੁ ਤੂਹੈ ਪਾਰਬ੍ਰਹਮ ਨਾਨਕ ਸਰਣਾਈ ॥੩॥ {ਪੰਨਾ 318}**

ਪਦਅਰਥ:- ਨਿਧਾਨੁ—ਖ਼ਜ਼ਾਨਾ। ਮਿਲਿ—ਮਿਲ ਕੇ। ਜਿਸੁ—ਜਿਸ ਨੂੰ। ਤਿਖਾ—ਤ੍ਰੇਹ, ਮਾਇਆ ਦੀ ਤੇਹ। ਕਾਈ—ਕੋਈ। ਪੁੰਨਿਆ—ਪੂਰੇ ਹੋ ਜਾਂਦੇ ਹਨ। ਅਮਰਾ ਪਦੁ —ਅਟੱਲ ਦਰਜਾ, ਉਹ ਉੱਚੀ ਅਵਸਥਾ ਜੋ ਕਦੇ ਨਾਸ ਨਹੀਂ ਹੁੰਦੀ। ਜੇਵਡੁ—ਜੇਡਾ, ਬਰਾਬਰ ਦਾ।

ਅਰਥ:- ਹੇ ਭਾਈ! ਪਰਮਾਤਮਾ ਦਾ ਨਾਮ ਅੰਮ੍ਰਿਤ -(ਰੂਪ) ਖ਼ਜ਼ਾਨਾ ਹੈ, (ਇਸ ਅੰਮ੍ਰਿਤ ਨੂੰ ਸਤਿਸੰਗ ਵਿਚ) ਮਿਲ ਕੇ ਪੀਵੋ। ਉਸ ਨਾਮ ਨੂੰ ਸਿਮਰਿਆਂ ਸੁਖ ਮਿਲਦਾ ਹੈ , ਤੇ (ਮਾਇਆ ਦੀ) ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ। (ਹੇ ਭਾਈ!) ਗੁਰੂ ਅਕਾਲ ਪੁਰਖ ਦੀ ਸੇਵਾ ਕਰ , (ਮਾਇਆ ਦੀ) ਕੋਈ ਭੁਖ ਨਹੀਂ ਰਹਿ ਜਾਏਗੀ। (ਨਾਮ ਸਿਮਰਿਆਂ) ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ, ਉਹ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ ਜੋ ਕਦੇ ਨਾਸ ਨਹੀਂ ਹੁੰਦੀ। ਹੇ ਪਾਰਬ੍ਰਹਮ ! ਤੇਰੇ ਬਰਾਬਰ ਦਾ ਤੂੰ ਆਪ ਹੀ ਹੈਂ। ਹੇ ਨਾਨਕ! ਉਸ ਪਾਰਬ੍ਰਹਮ ਦੀ ਸ਼ਰਨ ਪਉ।3।